11(c)

ਦਫਤਰ :- ਕਾਰਜਕਾਰੀ ਇੰਜੀਨੀਅਰ, ਪ੍ਰਾਂਤਕ ਮੰਡਲ, ਲੋ:ਨਿ:ਵਿ: ਭ ਤੇ ਮ ਸ਼ਾਖਾ, ਸਾਹਮਣੇ ਪੁਲਿਸ ਸਟੇਸ਼ਨ, ਇੰਡਸਟ੍ਰੀਅਲ ਏਰੀਆ ਫੇਸ-1, ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਮੋਹਾਲੀ)

E-mail Id: ee.pd.moh.pwd@punjab.gov.in, Tel. & Fax No. 0172-2220328

ਫੋਨ.

The Principal,
Sunfields International School,
Morinda Road Dulchi Majra
Distt. Ropar.

ਨੰ: 4046 ਮਿਤੀ: 26-5-25

ਵਿਸ਼ਾ:- ਬਿਲਡਿੰਗ ਸੇਫਟੀ ਸਰਟੀਫਿਕੇਟ ਜਾਰੀ ਕਰਨ ਸਬੰਧੀ।

ਹਵਾਲਾ:- ਆਪ ਦਾ ਪੱਤਰ ਨੰ. SIS/2025 ਮਿਤੀ 05.05.2025 ਅਤੇ Er. Kunal Bajaj (M. Tech Structure Office, # SCO 32, 2nd Floor Sector 82, Chandigarh ਦਾ ਪੱਤਰ ਨੰ : KB/STC/2025 ਮਿਤੀ 02.05.2025

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਇਸ ਮੰਡਲ ਅਧੀਨ ਉਪ ਮੰਡਲ ਇੰਜੀਨੀਅਰ, ਉਸਾਰੀ ਉਪ ਮੰਡਲ ਨੰ 1, ਭ ਤੇ ਮ ਸ਼ਾਖਾ, ਰੂਪਨਗਰ ਦੀ ਰਿਪੋਰਟ ਅਨੁਸਾਰ ਸਕੂਲ ਦੀ ਬਿਲਡਿੰਗ ਦਾ ਨਿਰੀਖਣ ਕੀਤਾ ਗਿਆ ਅਤੇ ਨਿਰੀਖਣ ਦੌਰਾਨ ਸਕੂਲ ਦੀ ਬਿਲਡਿੰਗ ਨੱਥੀ ਪਲਾਨ ਅਨੁਸਾਰ ਠੀਕ ਹੈ ਅਤੇ Visual Inspection ਅਨੁਸਾਰ ਬਿਲਡਿੰਗ ਸੇਫ ਜਾਪਦੀ ਹੈ। ਇਸ ਤੋਂ ਇਲਾਵਾ ਇੱਕ ਨਿੱਜੀ ਸਟਰੱਕਚਰਲ ਇੰਜੀਨੀਅਰ / ਫਰਮ ਵਲੋਂ ਵੀ ਇਸ ਬਿਲਡਿੰਗ ਦੀ ਸਟਰੱਕਚਰ ਪੱਖੋਂ ਇੰਸਪੇਕਸ਼ਨ ਕੀਤੀ ਗਈ ਹੈ। ਇਹ ਬਿਲਡਿੰਗ ਵਰਤੋਂ ਲਈ ਸਟਰੱਕਚਰਲ ਤੌਰ ਤੇ ਸੇਫ ਪਾਈ ਗਈ ਹੈ ਅਤੇ ਉਹਨਾਂ ਵਲੋਂ ਇਸ ਬਾਬਤ ਜਾਰੀ ਸਰਟੀਫਿਕੇਟ ਪੱਤਰ KB/STC/2025 ਮਿਤੀ 02.05.2025 ਨਾਲ ਨੱਥੀ ਹੈ। ਮਾਨਯੋਗ ਸਕੱਤਰ, ਪੰਜਾਬ, ਲੋਕ ਨਿਰਮਾਣ ਵਿਭਾਗ ਭ ਤੇ ਮ ਸ਼ਾਖਾ, ਚੰਡੀਗੜ੍ਹ ਜੀ ਦੇ ਦਫਤਰੀ ਹੁਕਮ ਨੰ. 5/13/2018-3BR3/1294287/3 ਮਿਤੀ 10-08-2018 ਰਾਹੀਂ ਨਿਰਧਾਰਿਤ ਕੀਤੀ ਗਈ ਇੰਸਪੇਕਸ਼ਨ ਫੀਸ ਬਾਬਤ ਰਕਮ 10,000/- ਰੁਪਏ, ਡੀ.ਡੀ. ਨੰ. 175371 ਮਿਤੀ 23-04-2025 ਰਾਹੀਂ ਜਮ੍ਹਾਂ ਕਰਵਾ ਦਿੱਤੀ ਗਈ ਹੈ। ਜਿਸ ਸਬੰਧੀ ਸਕੂਲ ਦਾ ਬਿਲਡਿੰਗ ਸੇਫਟੀ ਸਰਟੀਫਿਕੇਟ ਸਾਲ 2025-26 ( 31.03.2026) ਤੱਕ ਨਾਲ ਨੱਥੀ ਸ਼ਰਤਾਂ ਅਨੁਸਾਰ ਜਾਰੀ ਕੀਤਾ ਜਾਂਦਾ ਹੈ।

ਨੱਥੀ/ਬਿਲਡਿੰਗ ਸੇਫਟੀ ਸਰਟੀਫਿਕੇਟ

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ,ਲੋ.ਨਿ.ਵਿ. ਭ ਤੇ ਮ ਸ਼ਾਖਾ,
ਸਾਹਿਬਜ਼ਾਦਾ ਅਜੀਤ ਸਿੰਘ ਨਗਰ।

ਪਿੱਠ ਅੰਕਣ ਨੰ.

ਮਿਤੀ:

ਉਪਰੋਕਤ ਦਾ ਉਤਾਰਾ ਹੇਠ ਲਿਖਿਆ ਨੂੰ ਸੂਚਨਾ ਤੇ ਅਗਲੇਰੀ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

1. ਉਪ ਮੰਡਲ ਇੰਜੀਨੀਅਰ, ਉਸਾਰੀ ਉਪ ਮੰਡਲ ਨੰ 1, ਲੋਕ ਨਿਰਮਾਣ ਵਿਭਾਗ ਭ ਤੇ ਮ ਸ਼ਾਖਾ, ਰੂਪਨਗਰ ਨੂੰ ਉਨ੍ਹਾਂ ਦੇ ਪੱਤਰ ਨੰ. 471 ਮਿਤੀ 20-05-2025 ਦੇ ਸਬੰਧ ਵਿੱਚ।
2. ਸੁਪਰਡੰਟ (ਸਮੇਤ ਡੀ.ਡੀ ਨੰ. 175371 ਮਿਤੀ 23-04-2025, ਬਾਬਤ ਰਕਮ 10,000/- ਮੂਲ ਰੂਪ ਵਿੱਚ)

ਨੱਥੀ/ਡੀ.ਡੀ. ਲੜੀ ਨੰ. 2 ਲਈ

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ ਲੋ.ਨਿ.ਵਿ. ਭ ਤੇ ਮ ਸ਼ਾਖਾ,
ਸਾਹਿਬਜ਼ਾਦਾ ਅਜੀਤ ਸਿੰਘ ਨਗਰ।

# BUILDING SAFETY CERTIFICATE

**Subject:-** Building Safety Certificate for International School Morinda Road Dulchi Majra. ਦੀ ਬਿਲਡਿੰਗ ਦਾ ਸਟੱਕਚਰ ਸਟੇਬਿਲਟੀ ਸਰਟੀਫਿਕੇਟ Er. Kunal Bajaj (M.Tech Structure Office :# SCO 32, 2nd Floor Sector 82 ਦੇ ਪੱਤਰ ਨੰ: KB /STC/2025 ਮਿਤੀ 2-05-2025 ਨੂੰ ਧਿਆਨ ਵਿੱਚ ਰੱਖਦੇ ਹੋਏ ਬਿਲਡਿੰਗ ਸੇਫਟੀ ਸਰਟੀਫਿਕੇਟ ਮਿਤੀ 31-03-2026 ਤੱਕ ਹੇਠ ਲਿਖੀਆਂ ਸ਼ਰਤਾਂ ਤੇ ਜਾਰੀ ਕੀਤਾ ਜਾਂਦਾ ਹੈ:-

1. ਨਿਰੀਖਣ ਤੋਂ ਬਾਅਦ ਜੇਕਰ ਸਕੂਲ ਵੱਲੋਂ ਨੱਥੀ ਪਲੈਨ ਵਿੱਚ ਦਰਸਾਈ ਗਈ ਬਿਲਡਿੰਗ ਦੇ ਸਟੱਰਕਚਰ ਵਿੱਚ ਕਿਸੇ ਵੀ ਕਿਸਮ ਦੀ ਤਬਦੀਲੀ ਕੀਤੀ ਜਾਂਦੀ ਹੈ ਤਾ ਜਾਂ ਨਵੀਂ ਉਸਾਰੀ ਕੀਤੀ ਜਾਂਦੀ ਹੈ ਤਾਂ ਬਿਲਡਿੰਗ ਦਾ ਸੇਫਟੀ ਸਰਟੀਫਿਕੇਟ ਰੱਦ ਸਮਝਿਆ ਜਾਵੇਗਾ।
2. ਜੇਕਰ ਕੋਈ ਕੁਦਰਤੀ ਆਫਤ ਕਾਰਨ ਜਾਂ ਕਿਸੇ ਵੀ ਕਾਰਨ ਬਿਲਡਿੰਗ ਨੂੰ ਨੁਕਸਾਨ ਹੁੰਦਾ ਹੈ ਤਾਂ ਵੀ ਸਕੂਲ ਮੁੱਖੀ ਤੁਰੰਤ ਇਸ ਦਫਤਰ ਨੂੰ ਸੂਚਿਤ ਕਰਨਾ ਪਵੇਗਾ ਤਾਂ ਜੋ ਬਣਦੀ ਕਾਰਵਾਈ ਕੀਤੀ ਜਾ ਸਕੇ।
3. ਇਸ ਬਿਲਡਿੰਗ ਦਾ ਫਾਇਰ ਸਰਟੀਫਿਕੇਟ, ਪੰਜਾਬ ਫਾਇਰ ਸਰਵਿਸਿਜ, ਰੂਪਨਗਰ ਵੱਲੋਂ ਉਹਨਾਂ ਦੇ ਪੱਤਰ 1907-87890-ਫਾਇਰ/66388 ਮਿਤੀ 22-04-2025 ਦੁਆਰਾ ਜਾਰੀ ਕੀਤਾ ਗਿਆ ਹੈ , ਫਾਇਰ ਸੇਫਟੀ ਵਿਭਾਗ ਦੀਆਂ ਹਦਾਇਤਾਂ ਅੱਗ ਬੁਝਾਊ ਯੰਤਰ ਤਸੱਲੀਬਖਸ਼ ਹੋਣੇ ਚਾਹੀਦੇ ਹਨ ਅਤੇ ਕਰਮਚਾਰੀ ਅੱਗ ਬੁਝਾਉਂਣ ਸਬੰਧੀ ਟਰੇਂਡ ਹੋਣੇ ਚਾਹੀਦੇ ਹਨ, ਇਸ ਨੂੰ ਯਕੀਨੀ ਬਣਾਇਆ ਜਾਂਵੇ ।
4. ਉੱਕਤ ਕਿਸੇ ਵੀ ਹਾਲਤ ਵਿੱਚ ਜਾ ਹੋਰ ਕੋਈ ਕੁਦਰਤੀ/ਮਨੁੱਖੀ ਆਫਤਾਂ ਆਉਣ ਦੀ ਸੂਰਤ ਵਿੱਚ ਬਿਲਡਿੰਗ ਦੀ ਤੁਰੰਤ ਰੀ-ਇੰਸਪੈਕਸ਼ਨ ਕਰਵਾਉਣ ਦੀ ਨਿਰੋਲ ਜਿੰਮੇਵਾਰੀ ਬਿਨੈਕਾਰ ਦੀ ਹੋਵੇਗੀ।
5. ਜੇਕਰ ਸਕੂਲ ਵੱਲੋ ਸੇਫਟੀ ਨਾਲ ਸਬੰਧਤ ਕਿਸੇ ਸ਼ਰਤ ਦੀ ਉਲੰਘਣਾ ਕੀਤੀ ਜਾਂਦੀ ਹੈ ਤਾਂ ਇਸ ਵਿਭਾਗ ਵੱਲੋ ਜਾਰੀ ਕੀਤਾ ਸਰਟੀਫਿਕੇਟ ਰੱਦ ਕਰ ਦਿੱਤਾ ਜਾਵੇਗਾ।
6. ਰੋਡ ਅਸੈਸ ਸਬੰਧੀ ਬਣਦੀ ਫੀਸ ਇਸ ਦਫਤਰ ਦੇ ਪੱਤਰ ਨੰ: 448 ਮਿਤੀ 30-04-2024 ਰਾਂਹੀ ਜਮ੍ਹਾ ਕਰਵਾਈ ਜਾ ਚੁੱਕੀ ਹੈ।
7. ਜੇਕਰ ਬਿਲਡਿੰਗ ਉਪਰ ਹੋਰ ਮੰਜਿਲ ਦੀ ਉਸਾਰੀ ਕੀਤੀ ਜਾਂਦੀ ਹੈ ਤਾਂ ਉਸ ਬਿਲਡਿੰਗ ਦੀਆਂ ਹੇਠਲੀਆਂ ਮੰਜਿਲਾਂ ਵਿਚ ਜਮਾਤਾਂ ਨਾ ਲਗਾਈਆਂ ਜਾਣ।
8. ਇਹ ਸਰਟੀਫਿਕੇਟ ਕਿਸੇ ਵੀ ਲੀਗਲ ਕੇਸਾਂ ਲਈ ਪ੍ਰਮਾਣਿਤ ਨਹੀਂ ਹੋਵੇਗਾ।
9. ਇਹ ਸਰਟੀਫਿਕੇਟ ਕੇਵਲ Visual Inspection ਦੇ ਆਧਾਰ ਤੇ ਕੇਵਲ Structural Safety ਪੱਖੋ ਜਾਰੀ ਕੀਤਾ ਗਿਆ ਹੈ। ਇਸ ਵਿੱਚ ਕੋਈ ਬਿਜਲੀ, ਮਸ਼ੀਨਰੀ, Equipment ਆਦਿ ਬਾਬਤ ਇਸ ਦਫਤਰ ਦੀ ਕੋਈ ਜਿੰਮੇਵਾਰੀ ਨਹੀਂ ਹੋਵੇਗੀ।
10. ਇਹ ਕਿ ਬਿਲਡਿੰਗ ਦਾ ਸਟੱਕਚਰ ਸਟੇਬਿਲਟੀ ਸਰਟੀਫਿਕੇਟ Er Kunal Bajaj (M.Tech Structure Office :# SCO 32, 2nd Floor Sector 82 ਦੇ ਪੱਤਰ ਨੰ: KB /STC/2025 ਮਿਤੀ 2-05-2025 ਰਾਹੀ 26-03-2025 ਦੌਰਾਨ ਸੇਫ ਪਾਇਆ ਗਿਆ ਹੈ।

ਉਪ ਮੰਡਲ ਇੰਜੀਨੀਅਰ,
ਉਸਾਰੀ ਉਪ ਮੰਡਲ ਨੰ: 1 ਲੋ:ਨਿ: ਵਿ:, ਭ ਤੇ ਮ ਸਾਖਾ
ਰੂਪਨਗਰ।

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ ਲੋ:ਨਿ: ਵਿ:, ਭ ਤੇ ਮ ਸਾਖਾ,
ਸਾਹਿਬਜਾਦਾ ਅਜੀਤ ਸਿੰਘ ਨਗਰ।